# ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ ਬਲਾਕ, ਪੰਜਵੀਂ ਮੰਜਿਲ, ਫੇਜ਼-8, ਅਜੀਤਗੜ੍ਹ।

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, (ਨੋਟਿਸ ਬੋਰਡ ਰਾਹੀਂ)
ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)
ਪੰਜਾਬ।

ਮੀਮੋ ਨੰ : ਸਸਅ/ਐਮਸੀ/2014/੩੫੨੮ -੩੦
ਮਿਤੀ : ੨੬-੦੨-੨੦੧੫

ਵਿਸ਼ਾ :- **ਇੰਸਪਾਇਰ ਐਵਾਰਡ ਸਕੀਮ ਅਧੀਨ ਸਕੂਲਾਂ ਦੀ ਆਨ-ਲਾਈਨ ਰਜਿਸਟ੍ਰੇਸ਼ਨ ਅਤੇ ਨੋਮੀਨੇਸ਼ਨ (E-MIAS) ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਡਿਪਾਰਟਮੈਂਟ ਆਫ ਸਾਇੰਸ ਐਂਡ ਟੈਕਨੋਲੋਜੀ, ਨਵੀਂ ਦਿੱਲੀ ਦੁਆਰਾ ਚਲਾਈ ਜਾ ਰਹੀ ਇੰਸਪਾਇਰ ਐਵਾਰਡ 2014-15 ਸਕੀਮ ਤਹਿਤ ਸਕੂਲਾਂ ਦੀ ਆਨਲਾਈਨ ਰਜਿਸਟ੍ਰੇਸ਼ਨ ਅਤੇ ਨੋਮੀਨੇਸ਼ਨ (E-MIAS) ਸ਼ੁਰੂ ਹੋ ਚੁੱਕੀ ਹੈ ਇਸ ਦੇ ਸਬੰਧ ਵਿੱਚ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਇਹ ਸਾਰੀ ਪ੍ਰਕਿਰਿਆ 15 ਮਾਰਚ, 2014 ਤੱਕ ਹਰ ਹਾਲਤ ਵਿੱਚ ਮੁਕੰਮਲ ਕਰਵਾ ਲਈ ਜਾਵੇ ਤਾਂ ਜੋ ਜ਼ਿਲ੍ਹਾ ਪੱਧਰ ਇੰਸਪਾਇਰ ਐਵਾਰਡ ਦੇ ਆਯੋਜਨ ਦੀ ਪਲਾਨਿੰਗ ਕੀਤੀ ਜਾ ਸਕੇ, ਜੋ ਕਿ ਮਈ ਮਹੀਨੇ ਵਿੱਚ ਕਰਵਾਇਆ ਜਾਣਾ ਹੈ।

3.0 ਤੁਸੀਂ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਸਮੂਹ ਸਕੂਲਾਂ ਨੂੰ (E-MIAS) ਟ੍ਰੇਨਿੰਗ ਦੇ ਚੁੱਕੇ ਹੋ। ਇਸ ਤਹਿਤ ਆਪਣੇ ਜ਼ਿਲ੍ਹੇ ਦੇ ਸਾਰੇ ਸਕੂਲਾਂ (ਸਰਕਾਰੀ ਅਤੇ ਪ੍ਰਾਈਵੇਟ) ਦੀ ਆਨਲਾਈਨ ਰਜਿਸਟ੍ਰੇਸ਼ਨ ਅਤੇ ਨੋਮੀਨੇਸ਼ਨ ਤੁਰੰਤ ਪੂਰੀ ਕਰ ਲਈ ਜਾਵੇ ।

4.0 ਡਿਪਾਰਟਮੈਂਟ ਆਫ ਸਾਇੰਸ ਐਂਡ ਟੈਕਨੋਲੋਜੀ, ਨਵੀਂ ਦਿੱਲੀ ਵੱਲੋਂ ਪ੍ਰਾਪਤ ਪੱਤਰ ਅਨੁਸਾਰ ਪੰਜਾਬ ਰਾਜ ਦੇ ਪ੍ਰਾਈਵੇਟ ਸਕੂਲਾਂ ਦੀ ਰਜਿਸਟ੍ਰੇਸ਼ਨ ਬਹੁਤ ਘੱਟ ਹੋਈ ਹੈ। ਇਸ ਲਈ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਦੇ ਨਾਲ ਨਾਲ ਪ੍ਰਾਈਵੇਟ ਸਕੂਲਾਂ ਨੂੰ ਵੀ ਤਰਜੀਹ ਦਿੱਤੀ ਜਾਵੇ। ਸਕੂਲਾਂ ਦੀ ਰਜਿਸਟ੍ਰੇਸ਼ਨ ਅਤੇ ਨੋਮੀਨੇਸ਼ਨ ਸਬੰਧੀ ਪੂਰੀ ਜ਼ਿਮੇਵਾਰੀ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਅਤੇ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਦੀ ਹੋਵੇਗੀ।ਇਸ ਲਈ ਪ੍ਰਾਈਵੇਟ ਸਕੂਲਾਂ ਦੀ ਰਜਿਸਟ੍ਰੇਸ਼ਨ ਅਤੇ ਨੋਮੀਨੇਸ਼ਨ ਕਰਨਾ ਵੀ ਲਾਜ਼ਮੀ ਬਣਾਇਆ ਜਾਵੇ।

5.0 ਉੱਕਤ ਹੁਕਮਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ